# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 07-10-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ ਵਿੱਚ ਮਾਲਦੀਵ ਦੇ ਰਾਸ਼ਟਰਪਤੀ ਡਾ. ਮੁਹੰਮਦ ਮੁਈਜ਼ੂ ਨਾਲ ਗੱਲਬਾਤ ਕੀਤੀ- ਸ਼੍ਰੀ ਮੋਦੀ ਨੇ ਕਿਹਾ- ਭਾਰਤ, ਮਾਲਦੀਵ ਦੀ ਮਦਦ ਲਈ ਹਮੇਸ਼ਾ ਸਭ ਤੋਂ ਅੱਗੇ ਰਿਹਾ ਏ।
- ਜੰਮੂ-ਕਸ਼ਮੀਰ ਅਤੇ ਹਰਿਆਣਾ 'ਚ ਵਿਧਾਨ ਸਭਾ ਚੋਣਾਂ ਲਈ ਭਲਕੇ ਹੋਣ ਵਾਲੀ ਵੋਟਾਂ ਦੀ ਗਿਣਤੀ ਵਾਸਤੇ ਸਾਰੇ ਪ੍ਰਬੰਧ ਮੁਕੰਮਲ।
- ਪੰਜਾਬ ਸਰਕਾਰ ਵਲੋਂ ਸੂਬੇ ਦੀਆਂ ਔਰਤਾਂ ਨੂੰ ਆਤਮ ਨਿਰਭਰ ਬਣਾਉਣ ਦੇ ਉਦੇਸ਼ ਨਾਲ, ਵਿਸ਼ੇਸ਼ ਮੈਗਾ ਰੋਜ਼ਗਾਰ ਕੈਂਪ ਦੀ ਸ਼ੁਰੂਆਤ।

- ਫਤਹਿਗੜ੍ਹ ਸਾਹਿਬ ਪੁਲਿਸ ਨੇ ਇਕ ਕਤਲ ਮਾਮਲੇ ਵਿੱਚ ਪੰਜ ਗੈਂਗਸਟਰਾਂ ਨੂੰ ਇੱਕ ਪਿਸਤੌਲ ਅਤੇ ਵਾਰਦਾਤ ਵਿੱਚ ਵਰਤੀ ਕਾਰ ਸਮੇਤ ਗ੍ਰਿਫਤਾਰ ਕੀਤਾ।

--------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਨੇ ਹਮੇਸ਼ਾ ਮਾਲਦੀਵ ਲਈ, ਪਹਿਲੇ ਜਵਾਬਦੇਹ ਦੀ ਭੂਮਿਕਾ ਨਿਭਾਈ ਏ । ਨਵੀਂ ਦਿੱਲੀ ਵਿੱਚ ਮਾਲਦੀਵ ਦੇ ਰਾਸ਼ਟਰਪਤੀ ਡਾ: ਮੁਹੰਮਦ ਮੋਇਜ਼ੂ ਨਾਲ ਵਫ਼ਦ ਪੱਧਰੀ ਗੱਲਬਾਤ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਨੇ ਇੱਕ ਸਾਂਝਾ ਪ੍ਰੈਸ ਬਿਆਨ ਜਾਰੀ ਕੀਤਾ। ਇਸ ਬਿਆਨ ਵਿੱਚ ਕਿਹਾ ਗਿਆ ਏ ਕਿ ਭਾਰਤ ਨੇ ਹਮੇਸ਼ਾ ਇੱਕ ਗੁਆਂਢੀ ਵਜੋਂ ਆਪਣੀਆਂ ਜ਼ਿੰਮੇਵਾਰੀਆਂ ਨੂੰ ਨਿਭਾਇਆ ਏ । ਉਨ੍ਹਾਂ ਕਿਹਾ ਕਿ ਭਾਰਤ ਨੇ ਮਾਲਦੀਵ ਦੇ ਲੋਕਾਂ ਨੂੰ ਜ਼ਰੂਰੀ ਵਸਤਾਂ ਦੀ ਸਪਲਾਈ ਕੀਤੀ, ਕੁਦਰਤੀ ਆਫ਼ਤਾਂ ਦੌਰਾਨ ਪੀਣ ਵਾਲਾ ਪਾਣੀ ਮੁਹੱਈਆ ਕਰਵਾਇਆ ਅਤੇ ਕੋਵਿਡ ਦੌਰਾਨ ਟੀਕੇ ਵੀ ਮੁਹੱਈਆ ਕਰਵਾਏ। ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਅਤੇ ਮਾਲਦੀਵ ਦੇ ਸਬੰਧ ਸਦੀਆਂ ਪੁਰਾਣੇ ਨੇ । BYTE: ਡਾਕਟਰ ਮੁਈਜ਼ੂ ਨੇ ਕਿਹਾ ਕਿ

ਦੋਵਾਂ ਆਗੂਆਂ ਨੇ ਦੋਵਾਂ ਮੁਲਕਾਂ  ਦੀ ਸਫ਼ਲ ਵਿਕਾਸ ਯਾਤਰਾ ਨੂੰ ਧਿਆਨ ਵਿੱਚ ਰੱਖਦਿਆਂ ਵਿਸਥਾਰ ਵਿੱਚ ਚਰਚਾ ਕੀਤੀ ਏ ।  ਡਾਕਟਰ ਮੁਈਜ਼ੂ ਨੇ ਕਿਹਾ ਕਿ ਦੋਵੇਂ ਧਿਰਾਂ ਦੁਵੱਲੇ ਸਬੰਧਾਂ ਦੀ ਦਿਸ਼ਾ ਤੈਅ ਕਰਨ ਲਈ ਇੱਕ ਵਿਆਪਕ ਵਿਜ਼ਨ  ਦਸਤਾਵੇਜ਼ 'ਤੇ ਵੀ ਸਹਿਮਤ ਨੇ । ਪ੍ਰਧਾਨ ਮੰਤਰੀ  ਮੋਦੀ ਨੇ ਰਾਸ਼ਟਰਪਤੀ ਡਾ. ਮੁਈਜ਼ੂ ਦੇ ਨਾਲ  ਮਾਲਦੀਵ ਵਿੱਚ RuPay ਕਾਰਡ ਅਦਾਇਗੀ  ਵੀ ਜਾਰੀ ਕੀਤੀ ।  ਭ੍ਰਿਸ਼ਟਾਚਾਰ ਵਿਰੋਧੀ, ਨਿਆਂਪਾਲਿਕਾ, ਨੌਜਵਾਨਾਂ ਅਤੇ ਖੇਡਾਂ ਦੇ ਖੇਤਰ ਸਮੇਤ ਦੋਵਾਂ ਦੇਸ਼ਾਂ ਵਿਚਾਲੇ ਕਈ ਸਮਝੌਤਿਆਂ 'ਤੇ ਵੀ ਹਸਤਾਖਰ ਕੀਤੇ ਗਏ ਨੇ ।

---------------------------------------------------------------

ਸ੍ਰੀ ਨਰੇਂਦਰ ਮੋਦੀ ਅੱਜ ਜਨਤਕ ਅਹੁਦੇ ‘ਤੇ 23 ਸਾਲ ਪੂਰੇ ਕਰ ਰਹੇ ਨੇ । 2001 ਵਿੱਚ ਅੱਜ ਦੇ ਦਿਨ ਹੀ ਮੋਦੀ ਨੇ ਪਹਿਲੀ ਵਾਰ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਅਹੁਦਾ ਸੰਭਾਲਿਆ ਸੀ । ਕੇਂਦਰ ਦੀ ਐਨ.ਡੀ.ਏ ਸਰਕਾਰ ਦੁਆਰਾ ਸ਼ੁਰੂ ਕੀਤੇ ਗਏ ਕਈ ਕਲਿਆਣਕਾਰੀ ਪ੍ਰੋਗਰਾਮ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਨਰੇਂਦਰ  ਮੋਦੀ ਦੀਆਂ ਪਹਿਲਕਦਮੀਆਂ ਤੋਂ ਪ੍ਰੇਰਨਾ ਲੈਂਦੇ ਨੇ । ਅਕਸਰ 'ਗੁਜਰਾਤ ਮਾਡਲ' ਕਿਹਾ ਜਾਂਦਾ ਏ , ਇਹ

ਉਪਾਅ ਪਾਣੀ ਦੀ ਸੰਭਾਲ, ਰੁੱਖ ਲਗਾਉਣ ਦੀਆਂ ਮੁਹਿੰਮਾਂ, ਸੰਵਿਧਾਨ ਦਾ ਜਸ਼ਨ ਮਨਾਉਣ, ਨਸਲੀ ਉਤਪਾਦਾਂ ਨੂੰ ਉਤਸ਼ਾਹਿਤ ਕਰਨ ਅਤੇ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਨਾਲ ਸਬੰਧਤ ਹਨ ।

---------------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਦੇ ਬਿਹਤਰ ਤਾਲਮੇਲ ਨਾਲ ਦੇਸ਼ ਵਿੱਚੋਂ ਨਕਸਲਵਾਦ ਨੂੰ ਪੂਰੀ ਤਰ੍ਹਾਂ ਖ਼ਤਮ ਕੀਤਾ ਜਾ ਰਿਹਾ ਏ। ਸ੍ਰੀ ਸ਼ਾਹ ਨੇ ਅੱਜ ਨਵੀਂ ਦਿੱਲੀ ਵਿੱਚ ਖੱਬੇ-ਪੱਖੀ ਅੱਤਵਾਦ ਪ੍ਰਭਾਵਿਤ ਸੂਬਿਆਂ  ਦੇ ਮੁੱਖ ਮੰਤਰੀਆਂ ਨਾਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ । ਉਨ੍ਹਾਂ ਕਿਹਾ ਕਿ ਨਕਸਲਵਾਦ, ਵਿਕਾਸ ਦੇ ਰਸਤੇ ਵਿਚ ਸਭ ਤੋਂ ਵੱਡੀ ਰੁਕਾਵਟ ਏ ਅਤੇ ਇਸ ਨਾਲ ਕਿਸੇ ਦਾ ਵੀ ਭਲਾ ਨਹੀਂ ਹੋ ਸਕਦਾ। ਅਮਿਤ ਸ਼ਾਹ ਨੇ ਨਕਸਲਵਾਦ ਨਾਲ ਜੁੜੇ ਸਾਰੇ ਨੌਜਵਾਨਾਂ ਨੂੰ , ਹਥਿਆਰ ਛੱਡ ਕੇ ਸਮਾਜ ਦੀ ਮੁੱਖ ਧਾਰਾ ਵਿੱਚ ਆਉਣ ਦੀ ਅਪੀਲ ਵੀ ਕੀਤੀ ।

---------------------------------------------------------------

ਜੰਮੂ-ਕਸ਼ਮੀਰ ਅਤੇ ਹਰਿਆਣਾ 'ਚ ਵਿਧਾਨ ਸਭਾ ਚੋਣਾਂ ਲਈ ਭਲਕੇ ਹੋਣ

ਵਾਲੀ ਵੋਟਾਂ ਦੀ ਗਿਣਤੀ ਵਾਸਤੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਨੇ। ਜੰਮੂ-ਕਸ਼ਮੀਰ 'ਚ 90 ਮੈਂਬਰੀ ਵਿਧਾਨ ਸਭਾ ਲਈ ਚੋਣ ਲੜ ਰਹੇ 873 ਉਮੀਦਵਾਰਾਂ ਦੀ ਸਿਆਸੀ ਕਿਸਮਤ ਦਾ ਐਲਾਨ ਭਲਕੇ ਕੀਤਾ ਜਾਵੇਗਾ। ਵੋਟਾਂ ਦੀ ਗਿਣਤੀ ਕੇਂਦਰ ਸ਼ਾਸਤ ਪ੍ਰਦੇਸ਼ ਦੇ 20 ਕੇਂਦਰਾਂ 'ਤੇ ਸਖ਼ਤ ਸੁਰੱਖਿਆ ਵਿਚਕਾਰ ਹੋਵੇਗੀ। ਸਾਰੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਲੋੜੀਂਦੇ ਪ੍ਰਬੰਧ ਕੀਤੇ ਗਏ ਨੇ, ਜਿੱਥੇ ਗਿਣਤੀ ਕੇਂਦਰ ਸਥਾਪਿਤ ਕੀਤੇ ਗਏ ਨੇ। ਸਟਰਾਂਗ ਰੂਮਾਂ ਅਤੇ ਗਿਣਤੀ ਹਾਲ ਵਿੱਚ ਡਿਪਟੀ ਐਸ.ਪੀ ਪੱਧਰ ਦੇ ਅਧਿਕਾਰੀ ਸੁਰੱਖਿਆ ਪ੍ਰਬੰਧਾਂ ਦੀ ਨਿਗਰਾਨੀ ਕਰਨਗੇ।

------------------------------------------------------------

ਏਧਰ ਹਰਿਆਣਾ ਵਿਧਾਨ ਸਭਾ ਹਲਕੇ ਦੀਆਂ ਵੋਟਾਂ ਦੀ ਗਿਣਤੀ ਲਈ ਵੀ ਸਾਰੇ ਪ੍ਰਬੰਧ ਮੁਕੰਮਲ ਨੇ। ਹਰਿਆਣਾ ਵਿੱਚ ਸਾਰੇ 90 ਵਿਧਾਨ ਸਭਾ ਹਲਕਿਆਂ ਲਈ 90 ਗਿਣਤੀ ਕੇਂਦਰ ਬਣਾਏ ਗਏ ਨੇ। ਮੁੱਖ ਚੋਣ ਅਧਿਕਾਰੀ ਪੰਕਜ ਅਗਰਵਾਲ ਨੇ ਦੱਸਿਆ ਕਿ ਇਹ ਗਿਣਤੀ ਕੇਂਦਰ ਸਾਰੇ 22 ਜ਼ਿਲ੍ਹਿਆਂ ਦੇ ਜ਼ਿਲ੍ਹਾ ਹੈੱਡ-ਕੁਆਰਟਰਾਂ 'ਤੇ ਬਣਾਏ ਗਏ ਨੇ। ਕਾਲਕਾ ਅਤੇ ਪੰਚਕੂਲਾ ਹਲਕਿਆਂ ਲਈ ਪਈਆਂ ਵੋਟਾਂ ਦੀ ਗਿਣਤੀ

ਪੰਚਕੂਲਾ ਦੇ ਗਿਣਤੀ ਕੇਂਦਰਾਂ 'ਤੇ ਹੋਵੇਗੀ ਅਤੇ ਨਰਾਇਣਗੜ੍ਹ, ਅੰਬਾਲਾ ਛਾਉਣੀ, ਅੰਬਾਲਾ ਸਿਟੀ ਅਤੇ ਮੁਲਾਣਾ ਸੀਟਾਂ ਲਈ ਪਈਆਂ ਵੋਟਾਂ ਦੀ ਗਿਣਤੀ, ਅੰਬਾਲਾ ਦੇ ਚਾਰ ਗਿਣਤੀ ਕੇਂਦਰਾਂ 'ਤੇ ਹੋਵੇਗੀ, ਯਮੁਨਾਨਗਰ ਜ਼ਿਲੇ ਦੀਆਂ 4 ਚਾਰ ਸੀਟਾਂ 'ਤੇ ਪਈਆਂ ਵੋਟਾਂ ਦੀ ਗਿਣਤੀ ਯਮੁਨਾਨਗਰ ਦੇ ਗਿਣਤੀ ਕੇਂਦਰਾਂ 'ਤੇ ਹੋਵੇਗੀ। ਹਰੇਕ ਜ਼ਿਲ੍ਹਾ ਹੈੱਡਕੁਆਰਟਰ ’ਤੇ ਉਸ ਜ਼ਿਲ੍ਹੇ ਦੀਆਂ ਵਿਧਾਨ ਸਭਾ ਸੀਟਾਂ ਲਈ ਬਣਾਏ ਗਏ ਗਿਣਤੀ ਕੇਂਦਰਾਂ ’ਤੇ ਵਿਧਾਨ ਸਭਾ ਹਲਕੇ ਅਨੁਸਾਰ ਵੋਟਾਂ ਦੀ ਗਿਣਤੀ ਕੀਤੀ ਜਾਵੇਗੀ। ਸ੍ਰੀ ਅਗਰਵਾਲ ਨੇ ਕਿਹਾ ਕਿ ਸਾਰੇ ਸਟਰਾਂਗ ਰੂਮ ਸੀਸੀਟੀਵੀ ਨਿਗਰਾਨੀ ਹੇਠ ਨੇ ਅਤੇ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ ਨੂੰ ਤਿੰਨ-ਪੱਧਰੀ ਸੁਰੱਖਿਆ ਹੇਠ ਰੱਖਿਆ ਗਿਆ ਏ। ਸਟਰਾਂਗ ਰੂਮਾਂ ਦੀ ਸੁਰੱਖਿਆ ਲਈ ਹਰਿਆਣਾ ਪੁਲਿਸ ਅਤੇ ਅਰਧ ਸੈਨਿਕ ਬਲ ਤਾਇਨਾਤ ਨੇ। ਉਨ੍ਹਾਂ ਦੱਸਿਆ ਕਿ ਵੋਟਾਂ ਪੈਣ ਤੋਂ ਬਾਅਦ ਈ.ਵੀ.ਐਮ ਅਤੇ ਵੀ.ਵੀ.ਪੈਟ ਮਸ਼ੀਨਾਂ ਨੂੰ ਸਟਰਾਂਗ ਰੂਮਾਂ ਵਿੱਚ ਰੱਖਿਆ ਗਿਆ ਸੀ ਅਤੇ ਸਟਰਾਂਗ ਰੂਮਾਂ ਨੂੰ ਸੀਲ ਕਰ ਦਿੱਤਾ ਗਿਆ ਸੀ।

---------------------------------------------------------

ਐਨਫੋਰਸਮੈਂਟ ਡਾਇਰਕਟੋਰੇਟ ED ਨੇ ਲੁਧਿਆਣਾ ਜ਼ਿਲੇ 'ਚ ਅੱਜ ਤੜਕਸਾਰ ਛਾਪੇਮਾਰੀ ਕੀਤੀ । ਲੁਧਿਆਣਾ ਤੋਂ ਸਾਡੇ ਪੱਤਰਕਾਰ ਨੇ ਦਸਿਆ ਏ ਕਿ ਲੁਧਿਆਣਾ ਦੇ ਵਪਾਰੀ ਹੇਮੰਤ ਸੂਦ ਅਤੇ ਆਮ ਆਦਮੀ ਪਾਰਟੀ ਤੇ ਰਾਜਸਭਾ ਐਮ.ਪੀ ਸੰਜੀਵ ਅਰੋੜਾ ਦੇ ਟਿਕਾਣਿਆਂ 'ਤੇ ਐਨਫੋਰਸਮੈਂਟ ਡਾਇਰਕਟੋਰੇਟ ਨੇ ਛਾਪੇਮਾਰੀ ਕੀਤੀ ਏ । ਜ਼ਿਕਰਯੋਗ ਏ ਕਿ ਭਾਰਤ ਭੂਸ਼ਣ ਆਸ਼ੂ ਜੋ ਪਹਿਲਾਂ ਹੀ ਅਨਾਜ ਘੁਟਾਲੇ ਦੇ ਵਿੱਚ ਈ.ਡੀ ਦੀ ਗਿਰਫਤ ਦੇ ਵਿੱਚ ਨੇ ਹੇਮੰਤ ਸੂਦ, ਉਹਨਾਂ ਦੇ ਕਾਫੀ ਕਰੀਬੀ ਦੱਸੇ ਜਾਂਦੇ ਨੇ।

---

ਪੰਜਾਬ ਦੇ ਸਮਾਜਿਕ ਸੁਰੱਖਿਆ, ਔਰਤ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬੇ ਦੀਆਂ ਔਰਤਾਂ ਨੂੰ ਆਤਮ ਨਿਰਭਰ ਬਣਾਉਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਸੂਬੇ ਭਰ `ਚ ਵਿਸ਼ੇਸ਼ ਮੈਗਾ ਰੋਜ਼ਗਾਰ ਕੈਂਪ ਲਗਾਏਗੀ। ਪਹਿਲੇ ਗੇੜ 'ਚ ਇਨ੍ਹਾਂ ਕੈਪਾਂ ਦੀ ਸ਼ੁਰੂਆਤ ਹੁਸ਼ਿਆਰਪੁਰ, ਸ੍ਰੀ ਮੁਕਤਸਰ ਸਾਹਿਬ, ਬਰਨਾਲਾ ਅਤੇ ਗੁਰਦਾਸਪੁਰ ਜ਼ਿਲ੍ਹਿਆਂ ਤੋਂ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ

ਔਰਤਾਂ ਨੂੰ ਆਤਮ ਨਿਰਭਰ ਬਣਾਉਣ ਲਈ ਯਤਨਸ਼ੀਲ ਏ । ਕੈਬਨਿਟ ਮੰਤਰੀ ਨੇ ਦੱਸਿਆ ਕਿ ਜਿਲ੍ਹਾ ਬਰਨਾਲਾ ਵਿਖੇ ਲਗਾਏ ਗਏ ਕੈਂਪ ਵਿੱਚ 370 ਤੋਂ ਵੱਧ ਔਰਤ ਉਮੀਦਵਾਰਾਂ ਨੇ 12 ਕੰਪਨੀਆਂ ਵਿੱਚ ਨੌਕਰੀਆਂ ਲਈ ਇੰਟਰਵਿਊ ਦਿੱਤੀ। ਇਸ ਦੌਰਾਨ 88 ਲੜਕੀਆਂ ਦੀ ਮੁਫ਼ਤ ਸਿਖਲਾਈ ਪ੍ਰੋਗਰਾਮਾਂ ਲਈ ਰਜਿਸਟ੍ਰੇਸ਼ਨ ਕੀਤੀ ਗਈ। ਇਸੇ ਤਰਾਂ ਗੁਰਦਾਸਪੁਰ ਵਿਖੇ ਮੈਗਾ ਪਲੇਸਮੈਂਟ ਕੈਂਪ ਦੌਰਾਨ 465 ਔਰਤਾਂ ਨੇ ਹਿੱਸਾ ਲਿਆ ਅਤੇ ਵੱਖ-ਵੱਖ ਕੰਪਨੀਆ ਵੱਲੋਂ ਮੌਕੇ ਤੇ ਇੰਟਰਵਿਊ ਉਪਰੰਤ ਵੱਖ-ਵੱਖ ਆਸਾਮੀਆਂ `ਤੇ 356 ਮਹਿਲਾਵਾਂ ਦੀ ਚੋਣ ਕੀਤੀ ਗਈ।

---------------------------------------------------------------

ਪੰਜਾਬ ਦੇ ਉਦਯੋਗ ਤੇ ਵਣਜ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ,ਸੂਬੇ ‘ਚ ਕਿਸੇ ਵੀ ਉਦਯੋਗਪਤੀ ਨੂੰ ਕੋਈ ਵੀ ਸਮੱਸਿਆ ਨਾ ਆਉਣ ਦਾ ਭਰੋਸਾ ਦਿੱਤਾ ਏ । ਉਦਯੋਗ ਮੰਤਰੀ ਨੇ ਕਿਹਾ ਕਿ ਪੰਜਾਬ ਸੂਬਾ ਸਮੁੰਦਰੀ ਬੰਦਰਗਾਹ ਤੋਂ ਵਾਂਝਾ ਹੋਣ ਦੇ ਬਾਵਜੂਦ ਉਦਯੋਗਿਕ ਖੇਤਰ ਵਿੱਚ ਚੰਗਾ ਨਾਮਣਾ ਖੱਟ ਰਿਹਾ ਏ । ਉਨ੍ਹਾਂ ਕਿਹਾ ਕਿ ਸਨਅਤੀ

ਇਕਾਈਆਂ ਨਾਲ ਮੀਟਿੰਗਾਂ ਕਰਕੇ ਪੰਜਾਬ ਵਿੱਚ ਵੱਧ ਤੋਂ ਵੱਧ ਨਿਵੇਸ਼ ਲਿਆ ਰਹੇ ਨੇ ਅਤੇ ਅਜਿਹੇ ਵਿੱਚ ਆਉਣ ਵਾਲੇ ਸਮੇਂ ਵਿੱਚ ਹੁਨਰਮੰਦ ਨੌਜਵਾਨਾਂ ਦੀ ਮੰਗ ਵਿੱਚ ਵਾਧਾ ਹੋਵੇਗਾ। ਪੰਜਾਬ ਦੇ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਵੱਲੋਂ ਟਾਟਾ ਸਟੀਲ ਫਾਊਂਡੇਸ਼ਨ ਨਾਲ ਇਲੈਕਟ੍ਰੀਕਲ ਲੈਬਜ਼ ਅਤੇ ਸੋਫਟ ਸਕਿੱਲ ਟ੍ਰੇਨਿੰਗ ਬਾਬਤ ਇੱਕ ਸਮਝੌਤਾ ਸਹੀਬੱਧ ਕਰਨ ਮੌਕੇ ਮੰਤਰੀ ਨੇ ਕਿਹਾ ਕਿ ਪ੍ਰੈਕਟੀਕਲ ਸਿਖਲਾਈ ਹਾਸਲ ਕਰਨ ਵਾਲੇ ਨੌਜਵਾਨਾਂ ਨੂੰ ਰੋਜ਼ਗਾਰ ਹਾਸਲ ਕਰਨ ਵਿਚ ਮਦਦ ਮਿਲਦੀ ਏ। ਟਾਟਾ ਸਟੀਲ ਫਾਊਂਡੇਸ਼ਨ ਆਈਟੀਆਈ ਸਮਰਾਲਾ ਅਤੇ ਆਈ.ਟੀ.ਆਈ ਲੁਧਿਆਣਾ ਵਿਖੇ ਨੌਜਵਾਨਾਂ ਨੂੰ ਸਿਖਲਾਈ ਦੇਵੇਗੀ ਤਾਂ ਜੋ ਅਜਿਹੇ ਸਿਖਲਾਈ ਪ੍ਰਾਪਤ ਕਰਨ ਵਾਲੇ ਨੌਜਵਾਨਾਂ ਨੂੰ ਉਦਯੋਗਾਂ ਵਿਚ ਵਧੀਆ ਨੌਕਰੀਆਂ ਮਿਲ ਸਕਣ।

---

ਫਤਹਿਗੜ੍ਹ ਸਾਹਿਬ ਪੁਲਿਸ ਨੇ ਮੰਡੀ ਗੋਬਿੰਦਗੜ੍ਹ ਦੇ ਪਿੰਡ ਬਦੀਨਪੁਰ ਵਿਖੇ ਹੋਏ ਇਕ ਕਤਲ ਮਾਮਲੇ ਵਿੱਚ ਪੰਜ ਗੈਂਗਸਟਰਾਂ ਨੂੰ, ਇੱਕ ਪਿਸਤੌਲ ਅਤੇ ਵਾਰਦਾਤ ਵਿੱਚ ਵਰਤੀ ਕਾਰ ਸਮੇਤ ਗ੍ਰਿਫਤਾਰ ਕੀਤਾ

ਏ। ਐਸ.ਐਸ.ਪੀ ਡਾ. ਰਵਜੋਤ ਗਰੇਵਾਲ ਨੇ ਦੱਸਿਆ ਕਿ ਮੁਲਜ਼ਮ ਮੰਡੀ ਗੋਬਿੰਦਗੜ੍ਹ, ਖੰਨਾ, ਖਰੜ, ਚੰਡੀਗੜ੍ਹ, ਦੋਰਾਹਾ, ਸਮਰਾਲਾ ਅਤੇ ਹੋਰ ਇਲਾਕਿਆਂ ਵਿੱਚ ਫਰੋਤੀਆਂ ਲੈਦੇ ਅਤੇ ਨਸ਼ਾ ਖਰੀਦਣ ਤੇ ਵੇਚਣ ਦਾ ਕੰਮ ਕਰਦੇ ਸਨ। ਮੰਡੀ ਗੋਬਿੰਦਗੜ੍ਹ ਪੁਲਿਸ ਨੇ ਇਸ ਕਤਲ ਮਾਮਲੇ ਵਿੱਚ ਧੀਰਜ਼ ਬੱਤਾ ਉਰਫ ਧੀਰੂ, ਅਮਨਿੰਦਰ ਸਿੰਘ ਉਰਫ ਪ੍ਰਿੰਸ ਬੁੱਲੜ, ਤਰਨਪ੍ਰੀਤ ਸਿੰਘ ਉਰਫ ਤਰਨ, ਗੌਰਵ ਕੁਮਾਰ ਅਤੇ ਸੰਦੀਪ ਸਿੰਘ ਉਰਫ ਬੌਕਸਰ ਖਿਲਾਫ ਮਾਮਲਾ ਦਰਜ ਕੀਤਾ ਏ। ਉਹਨਾਂ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਗੈਂਗਸਟਰਾਂ ਖਿਲਾਫ ਪੰਜਾਬ ਦੇ ਵੱਖ-2 ਸ਼ਹਿਰਾਂ ਵਿੱਚ ਪਹਿਲਾ ਹੀ ਕਈ ਅਪਰਾਧਿਕ ਮੁਕੱਦਮੇ ਦਰਜ ਹਨ ਤੇ ਇਹਨਾਂ ਗੈਂਗਸਟਰਾਂ ਦਾ ਪੁਰਾਣਾ ਰਿਕਾਰਡ ਬਹੁਤ ਅਪਰਾਧਿਕ ਏ ਅਤੇ ਇਹ ਕਈ ਵਾਰ ਜੇਲ ਵੀ ਜਾ ਚੁੱਕੇ ਨੇ। ਐਸ.ਐਸ.ਪੀ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਸੰਦੀਪ ਸਿੰਘ ਉਰਫ ਬੋਕਸਰ ਦੀ ਕੀਤੀ ਗਈ ਪੁੱਛਗਿੱਛ ਤੇ ਅਮਰਜੀਤ ਭਲਵਾਨ ਅਤੇ ਨੀਰਜ ਕੁਮਾਰ ਦੋਵਾਂ ਜਣਿਆਂ ਨੂੰਮਾਮਲੇ ਵਿੱਚ ਨਾਮਜਦ ਕੀਤਾ ਗਿਆ।

---------------------------------------------------

ਪੰਜਾਬ ਵਿਚ 15 ਅਕਤੂਬਰ ਨੂੰ ਹੋਣ ਵਾਲੀਆਂ ਪੰਚਾਇਤੀ ਚੋਣਾਂ ਦੇ ਮੱਦੇਨਜ਼ਰ ਤਿਆਰੀਆਂ ਜ਼ੋਰਾਂ ਤੇ ਨੇ। ਚੋਣ ਅਬਜ਼ਰਵਰ ਮਾਲਵਿੰਦਰ ਸਿੰਘ ਜੱਗੀ ਨੇ ਕਿਹਾ ਕਿ ਮੁਕਤਸਰ ਸਾਹਿਬ ਜ਼ਿਲ੍ਹੇ ਵਿੱਚ ਪੈਂਦੀਆਂ ਸਾਰੀਆਂ 269 ਗ੍ਰਾਮ ਪੰਚਾਇਤਾਂ ਵਿੱਚ ਬਿਨ੍ਹਾਂ ਕਿਸੇ ਵਿਘਨ ਅਤੇ ਪੂਰੀ ਪਾਰਦਰਸ਼ਤਾ ਨਾਲ ਪੰਚਾਇਤੀ ਚੋਣਾਂ ਸੁਚੱਜੇ ਢੰਗ ਨਾਲ ਨੇਪਰੇ ਚੜ੍ਹਾਈਆਂ ਜਾਣਗੀਆਂ, ਜਿਸ ਲਈ ਲੋੜੀਂਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਨੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਪਿੰਡਾਂ ਦੀ ਨੁਹਾਰ ਨੂੰ ਬਦਲਣ ਲਈ ਅਤੇ ਲੋਕਾਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਦੂਰ ਕਰਨ ਲਈ ਜ਼ਮੀਨੀ ਪੱਧਰ ’ਤੇ ਕੰਮਾਂ ਨੂੰ ਨੇਪਰੇ ਚੜ੍ਹਾਉਣ ਲਈ ਪੰਚਾਇਤੀ ਚੋਣਾਂ ਇੱਕ ਵਡਮੁੱਲਾ ਯੋਗਦਾਨ ਪਾਉਂਦੀਆਂ ਹਨ। ਓਧਰ ਪਟਿਆਲਾ ਦੇ ਚੋਣ ਆਬਜ਼ਰਵਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਅੱਜ ਗ੍ਰਾਮ ਪੰਚਾਇਤ ਚੋਣਾਂ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨਾਲ ਬੈਠਕ ਕੀਤੀ। ਚੋਣ ਆਬਜ਼ਰਵਰ ਨੇ ਕਿਹਾ ਕਿ ਕਿਸੇ ਵੀ ਕਿਸਮ ਦੀ ਸ਼ਿਕਾਇਤ ਉਪਰ ਤੁਰੰਤ ਕਾਰਵਾਈ

ਕਰਕੇ ਰਿਪੋਰਟ ਦਿੱਤੀ ਜਾਵੇ ਤੇ ਚੋਣ ਅਮਲ 'ਚ ਕੋਈ ਅਣਗਹਿਲੀ ਨਾ ਵਰਤੀ ਜਾਵੇ।

---------------------------------------------------------------

ਅੱਜ ਦੁਨੀਆ ਭਰ ਵਿੱਚ  ਵਿਸ਼ਵ ਕਪਾਹ ਦਿਵਸ ਮਨਾਇਆ ਜਾ ਰਿਹਾ ਏ । ਹਰ ਸਾਲ 7 ਅਕਤੂਬਰ ਨੂੰ, ਇਹ ਦਿਨ ਕਪਾਹ ਦੀ ਅਦੁੱਤੀ ਬਹੁਪੱਖੀਤਾ ਨੂੰ ਦਰਸਾਉਣ ਲਈ ਮਨਾਇਆ ਜਾਂਦਾ ਏ , ਜਦੋਂ ਕਿ ਕਪਾਹ ਮੁੱਖ ਤੌਰ 'ਤੇ ਕਪੜਾ  ਉਦਯੋਗ ਵਿੱਚ ਵਰਤੀ ਜਾਂਦੀ ਏ , ਇਹ ਜਾਨਵਰਾਂ ਦੀ ਖੁਰਾਕ, ਡਾਕਟਰੀ ਸਪਲਾਈ ਅਤੇ ਖਾਣ ਵਾਲੇ ਤੇਲ ਬਣਾਉਣ ਲਈ ਵੀ ਮਹੱਤਵਪੂਰਨ ਏ । ਇਸ ਸਾਲ ਇਸ ਅੰਤਰ-ਰਾਸ਼ਟਰੀ ਸਮਾਗਮ ਦੀ 5ਵੀਂ ਵਰ੍ਹੇਗੰਢ ਏ । ਮੌਜੂਦਾ ਸਮੇਂ  ਵਿੱਚ, ਭਾਰਤ ਚੀਨ ਤੋਂ ਬਾਅਦ ਦੁਨੀਆ ਦਾ ਦੂਜਾ ਸਭ ਤੋਂ ਵੱਡਾ ਕਪਾਹ ਉਤਪਾਦਕ ਏ ।

---------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ, ਸਿੱਖ ਇਤਿਹਾਸ ਰੀਸਰਚ ਬੋਰਡ ਅਤੇ ਐਜੂਕੇਸ਼ਨ ਕਮੇਟੀ ਦੀਆਂ ਵੱਖ-ਵੱਖ

ਤਿੰਨ ਅਹਿਮ ਇਕੱਤਰਤਾ, ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਅੰਮ੍ਰਿਤਸਰ ਵਿਖੇ ਹੋਈ । ਇਸ ਦੌਰਾਨ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਰੂਪ ਰੇਖਾ ਦੇ ਨਾਲ-ਨਾਲ ਸਿੱਖ ਸਾਹਿਤ ਦੀਆਂ ਨਵੀਆਂ ਪ੍ਰਕਾਸ਼ਨਾਵਾਂ ਅਤੇ ਵਿਦਿਅਕ ਅਦਾਰਿਆਂ ਦੇ ਮਾਮਲੇ ਵਿਚਾਰੇ ਗਏ। ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੇਤ ਹੋਰ ਇਤਿਹਾਸਕ ਗੁਰਦੁਆਰਾ ਸਾਹਿਬਾਨ ਅੰਦਰ ਸੰਗਤ ਵੱਲੋਂ ਸ਼ਰਧਾ ਤੇ ਸਤਿਕਾਰ ਵਜੋਂ ਵੱਡੀ ਗਿਣਤੀ ਵਿਚ ਰੁਮਾਲਾ ਸਾਹਿਬ ਭੇਟ ਕੀਤੇ ਜਾਂਦੇ ਨੇ , ਪਰੰਤੂ ਅਕਸਰ ਹੀ ਰੁਮਾਲਿਆਂ ਦੀ ਗੁਣਵਤਾ ਤੇ ਮਿਆਰ ਠੀਕ ਨਹੀਂ ਹੁੰਦਾ। ਇਸ ਦੇ ਨਾਲ ਹੀ ਰੁਮਾਲਿਆਂ ਦੀ ਬਹੁਤਾਤ ਕਾਰਨ ਸਾਂਭ-ਸੰਭਾਲ ਵਿਚ ਵੱਡੀ ਸਮੱਸਿਆ ਬਣਦੀ ਏ । ਓਹਨਾਂ ਦੱਸੀਆ ਕਿ ਇਹ ਫੈਸਲਾ ਕੀਤਾ ਗਿਆ ਏ ਕਿ ਗੁਰਦੁਆਰਾ ਸਾਹਿਬਾਨ ਅੰਦਰ ਵਿਸ਼ੇਸ਼ ਕਾਊਂਟਰ ਸਥਾਪਤ ਕੀਤੇ ਜਾਣਗੇ, ਜਿਥੇ ਸੰਗਤ ਰੁਮਾਲਾ ਸਾਹਿਬ ਲਈ ਯਥਾਸ਼ਕਤ ਭੇਟਾ ਜਮ੍ਹਾਂ ਕਰਵਾ ਸਕੇਗੀ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਸਥਾਪਤ ਕੀਤੇ ਜਾਣ ਵਾਲੇ ਕਾਊਂਟਰਾਂ ’ਤੇ ਸ਼ਰਧਾ ਅਨੁਸਾਰ ਰੁਮਾਲਿਆਂ ਲਈ ਭੇਟਾ ਜਮ੍ਹਾਂ

ਕਰਵਾ ਕੇ ਰਸੀਦ ਪ੍ਰਾਪਤ ਕਰਨ ਤੇ ਗੁਰੂ ਦਰਬਾਰ ਅੰਦਰ ਰਸੀਦ ਦਿਖਾ ਕੇ ਅਰਦਾਸ ਕਰਵਾਉਣ। ਉਨ੍ਹਾਂ ਕਿਹਾ ਕਿ ਰੁਮਾਲਾ ਸਾਹਿਬ ਲਈ ਪੁੱਜਣ ਵਾਲੀ ਭੇਟਾ ਕੌਮ ਦੇ ਉਜਲੇ ਭਵਿੱਖ ਲਈ ਵਰਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਿਰੋਪਾਓ ਦੀ ਵਰਤੋਂ ਇਸ ਦੀ ਭਾਵਨਾ ਅਤੇ ਧਾਰਮਿਕ ਮਹੱਤਵ ਅਨੁਸਾਰ ਯਕੀਨੀ ਬਣਾਉਣ ਲਈ ਸ਼ੁਰੂ ਕੀਤੇ ਗਏ ਯਤਨਾਂ ਨੂੰ ਹੋਰ ਪੁਖ਼ਤਗੀ ਨਾਲ ਲਾਗੂ ਕੀਤਾ ਜਾਵੇਗਾ।

---------------------------------------------------------

ਜ਼ਿਲ੍ਹਾ ਗੁਰਦਾਸਪੁਰ ਦੇ ਐਸ. ਐਸ. ਪੀ. ਹਰੀਸ਼ ਦਾਯਮਾ ਦੀ ਅਗਵਾਈ ਹੇਠ ਟੈਫ੍ਰਿਕ ਪੁਲਿਸ ਐਜੂਕੇਸ਼ਨ ਸੈਲ ਵੱਲੋਂ, ਧੰਨਦੇਵੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸੈਮੀਨਾਰ ਲਗਾਇਆ ਗਿਆ। ਜਿਸ ਵਿੱਚ ਵਿਦਿਆਰਥੀਆਂ ਤੇ ਸਟਾਫ ਨੂੰ  ਟੈਫ੍ਰਿਕ ਨਿਯਮਾਂ ਦੀ , ਨਾਬਾਲਗ ਬੱਚਿਆਂ ਦੇ ਡਰਾਈਵਿੰਗ ਕਰਨ ’ਤੇ ਹੋਣ ਵਾਲੀ ਕਨੂੰਨੀ ਕਾਰਵਾਈ ,ਟੈਫ੍ਰਿਕ ਚਲਾਨਾ ਤੇ ਜੁਰਮਾਨਾ  ਅਤੇ ਹੈਲਮਟ ਤੇ ਸੀਟ ਬੈਲਟ ਦੀ ਅਹਿਮੀਅਤ ਬਾਰੇ ਜਾਣਕਾਰੀ ਦਿੱਤੀ ਗਈ।

- -----------------------------------------------------------
-----
ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਨਵੀਂ ਦਿੱਲੀ ਵਿੱਚ ਮਾਲਦੀਵ ਦੇ ਰਾਸ਼ਟਰਪਤੀ ਡਾ. ਮੁਹੰਮਦ ਮੁਈਜ਼ੂ ਨਾਲ ਗੱਲਬਾਤ ਕੀਤੀ- ਸ਼੍ਰੀ ਮੋਦੀ ਨੇ ਕਿਹਾ- ਭਾਰਤ, ਮਾਲਦੀਵ ਦੀ ਮਦਦ ਲਈ ਹਮੇਸ਼ਾ ਸਭ ਤੋਂ ਅੱਗੇ ਰਿਹਾ ਏ।
- ਜੰਮੂ-ਕਸ਼ਮੀਰ ਅਤੇ ਹਰਿਆਣਾ 'ਚ ਵਿਧਾਨ ਸਭਾ ਚੋਣਾਂ ਲਈ ਭਲਕੇ ਹੋਣ ਵਾਲੀ ਵੋਟਾਂ ਦੀ ਗਿਣਤੀ ਵਾਸਤੇ ਸਾਰੇ ਪ੍ਰਬੰਧ ਮੁਕੰਮਲ।
- ਪੰਜਾਬ ਸਰਕਾਰ ਵਲੋਂ ਸੂਬੇ ਦੀਆਂ ਔਰਤਾਂ ਨੂੰ ਆਤਮ ਨਿਰਭਰ ਬਣਾਉਣ ਦੇ ਉਦੇਸ਼ ਨਾਲ,  ਵਿਸ਼ੇਸ਼ ਮੈਗਾ ਰੋਜ਼ਗਾਰ ਕੈਂਪ ਦੀ ਸ਼ੁਰੂਆਤ।
- ਫਤਹਿਗੜ੍ਹ ਸਾਹਿਬ ਪੁਲਿਸ ਨੇ ਇਕ ਕਤਲ ਮਾਮਲੇ ਵਿੱਚ ਪੰਜ ਗੈਂਗਸਟਰਾਂ ਨੂੰ ਇੱਕ ਪਿਸਤੌਲ ਅਤੇ ਵਾਰਦਾਤ ਵਿੱਚ ਵਰਤੀ ਕਾਰ ਸਮੇਤ ਗ੍ਰਿਫਤਾਰ ਕੀਤਾ।